ਧਨਾਸਰੀ ਮਹਲਾ ੪ ॥ ਹਰਿ ਕੇ ਸੰਤ ਜਨਾ ਹਰਿ ਜਪਿਓ ਤਿਨ ਕਾ ਦੂਖੁ ਭਰਮੁ ਭਉ ਭਾਗੀ ॥ ਅਪਨੀ ਸੇਵਾ ਆਪਿ ਕਰਾਈ ਗੁਰਮਤਿ ਅੰਤਰਿ ਜਾਗੀ ॥ ੧॥ ਹਰਿ ਕੈ ਨਾਮਿ ਰਤਾ ਬੈਰਾਗੀ ॥ ਹਰਿ ਹਰਿ ਕਥਾ ਸੁਣੀ ਮਨਿ ਭਾਈ ਗੁਰਮਤਿ ਹਰਿ ਲਿਵ ਲਾਗੀ ॥ ੧॥ ਰਹਾਉ ॥ ਸੰਤ ਜਨਾ ਕੀ ਜਾਤਿ ਹਰਿ ਸੁਆਮੀ ਤੁਮ੍ ਠਾਕੁਰ ਹਮ ਸਾਂਗੀ ॥ ਜੈਸੀ ਮਤਿ ਦੇਵਹੁ ਹਰਿ ਸੁਆਮੀ ਹਮ ਤੈਸੇ ਬੁਲਗ ਬੁਲਾਗੀ ॥੨॥ ਕਿਆ ਹਮ ਕਿਰਮ ਨਾਨ੍ ਨਿਕ ਕੀਰੇ ਤੁਮ੍ ਵਡ ਪੁਰਖ ਵਡਾਗੀ ॥ ਤੁਮ੍ਰੀ ਗਤਿ ਮਿਤਿ ਕਹਿ ਨ ਸਕਹ ਪ੍ਰਭ ਹਮ ਕਿਉ ਕਰਿ ਮਿਲਹ ਅਭਾਗੀ ॥੩॥ ਹਰਿ ਪ੍ਰਭ ਸੁਆਮੀ ਕਿਰਪਾ ਧਾਰਹੁ ਹਮ ਹਰਿ ਹਰਿ ਸੇਵਾ ਲਾਗੀ ॥ ਨਾਨਕ ਦਾਸਨਿ ਦਾਸੁ ਕਰਹੁ ਪ੍ਰਭ ਹਮ ਹਰਿ ਕਥਾ ਕਥਾਗੀ ॥ ੪॥੨॥ {ਪੰਨਾ 667}

ਪਦਅਰਥ:- ਭਉ—ਡਰ। ਭਾਗੀ—ਦੂਰ ਹੋ ਗਿਆ। ਸੇਵਾ—ਸੇਵਾ-ਭਗਤੀ। ਅੰਤਰਿ—ਹਿਰਦੇ ਵਿਚ।1।

ਨਾਮਿ—ਨਾਮ ਵਿਚ। ਰਤਾ—ਮਗਨ। ਬੈਰਾਗੀ—ਵੈਰਾਗਵਾਨ, ਮਾਇਆ ਦੇ ਮੋਹ ਤੋਂ ਨਿਰਲੇਪ। ਮਨਿ—ਮਨ ਵਿਚ। ਭਾਈ—ਚੰਗੀ ਲੱਗੀ। ਲਿਵ—ਲਗਨ।1। ਰਹਾਉ।

ਸਾਂਗੀ—ਸਾਂਗ-ਧਾਰੀ, ਪੂਰਨਿਆਂ ਉਤੇ ਤੁਰਨ ਵਾਲੇ। ਤੈਸੇ ਬੁਲਗ ਬੁਲਾਗੀ—ਉਹੋ ਜਿਹੇ ਬੋਲ ਹੀ ਬੋਲਦੇ ਹਾਂ।2।

ਕਿਆ ਹਮ—ਸਾਡੀ ਕੀਹ ਪਾਂਇਆਂ ਹੈ? ਕਿਰਮ—ਕੀੜੇ। ਨਾਨ੍—ਨੰਨ੍ਹੇ, ਬਹੁਤ ਛੋਟੇ। ਨਿਕ—ਨਿੱਕੇ ਨਿੱਕੇ। ਗਤਿ—ਆਤਮਕ ਅਵਸਥਾ। ਮਿਤਿ—ਮਾਪ, ਵਿਤ। ਕਿਉ ਕਰਿ—ਕਿਵੇਂ, ਕਿਸ ਤਰ੍ਹਾਂ? ਮਿਲਹ—ਅਸੀਂ ਮਿਲ ਸਕਦੇ ਹਾਂ। ਅਭਾਗੀ—ਭਾਗ-ਹੀਣ।3।

ਸੁਆਮੀ—ਹੇ ਸੁਆਮੀ! ਦਾਸਨਿ ਦਾਸੁ—ਦਾਸਾਂ ਦਾ ਦਾਸ। ਕਰਹੁ—ਬਣਾ ਲਵੋ। ਕਥਾਗੀ—ਕਥੀਏ।4।

ਅਰਥ:- ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਨਿਰਲੇਪ ਹੋ ਜਾਂਦਾ ਹੈ। ਉਹ (ਜਿਉਂ ਜਿਉਂ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦਾ ਹੈ, ਉਸ ਨੂੰ ਉਹ ਮਨ ਵਿਚ ਪਿਆਰੀਆਂ ਲੱਗਦੀਆਂ ਹਨ। ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਦੀ ਲਗਨ ਪਰਮਾਤਮਾ ਵਿਚ ਲੱਗੀ ਰਹਿੰਦੀ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਦਾ ਹਰੇਕ ਦੁੱਖ, ਹਰੇਕ ਭਰਮ ਹਰੇਕ ਡਰ ਦੂਰ ਹੋ ਜਾਂਦਾ ਹੈ। ਪਰਮਾਤਮਾ ਆਪ ਹੀ ਉਹਨਾਂ ਪਾਸੋਂ ਆਪਣੀ ਭਗਤੀ ਕਰਾਂਦਾ ਹੈ। (ਪਰਮਾਤਮਾ ਦੀ ਕਿਰਪਾ ਨਾਲ ਹੀ) ਉਹਨਾਂ ਦੇ ਅੰਦਰ ਗੁਰੂ ਦਾ ਉਪਦੇਸ਼ ਆਪਣਾ ਪ੍ਰਭਾਵ ਪਾਂਦਾ ਹੈ।1।

ਹੇ ਹਰੀ ਪ੍ਰਭੂ! (ਦੁਨੀਆ ਦੇ ਲੋਕ ਆਪਣੀ ਉੱਚੀ ਜਾਤਿ ਦਾ ਮਾਣ ਕਰਦੇ ਹਨ) ਸੰਤ ਜਨਾਂ ਦੀ ਜਾਤਿ ਤੂੰ ਆਪ ਹੀ ਹੈਂ (ਸੰਤ ਜਨ ਤੈਥੋਂ ਹੀ ਆਤਮਕ ਜੀਵਨ ਲੈਂਦੇ ਹਨ)। ਹੇ ਪ੍ਰਭੂ! ਤੂੰ ਸਾਡਾ ਮਾਲਕ ਹੈਂ, ਅਸੀਂ ਤੇਰੇ ਪੂਰਨਿਆਂ ਉਤੇ ਤੁਰਨ ਵਾਲੇ ਹਾਂ। ਜਿਹੋ ਜਿਹੀ ਅਕਲ ਤੂੰ ਸਾਨੂੰ ਦੇਂਦਾ ਹੈਂ, ਅਸੀਂ ਉਹੋ ਜਿਹੇ ਬੋਲ ਹੀ ਬੋਲਦੇ ਹਾਂ।2।

ਹੇ ਪ੍ਰਭੂ! ਸਾਡੀ ਕੀਹ ਪਾਂਇਆਂ ਹੈ? ਅਸੀਂ ਬਹੁਤ ਛੋਟੇ ਕਿਰਮ ਹਾਂ, ਨਿੱਕੇ ਨਿੱਕੇ ਕੀੜੇ ਹਾਂ, ਤੂੰ ਵੱਡਾ ਪੁਰਖ ਹੈਂ। ਅਸੀਂ ਜੀਵ ਇਹ ਨਹੀਂ ਦੱਸ ਸਕਦੇ ਕਿ ਤੂੰ ਕਿਹੋ ਜਿਹਾ ਹੈਂ, ਤੇ, ਕੇਡਾ ਵੱਡਾ ਹੈਂ। ਅਸੀਂ ਭਾਗ-ਹੀਣ ਜੀਵ (ਆਪਣੇ ਉੱਦਮ ਨਾਲ) ਤੈਨੂੰ ਕਿਵੇਂ ਮਿਲ ਸਕਦੇ ਹਾਂ?।3।

ਹੇ ਹਰੀ ਪ੍ਰਭੂ! ਹੇ ਮਾਲਕ! ਸਾਡੇ ਉਤੇ ਮੇਹਰ ਕਰ, ਅਸੀਂ ਤੇਰੀ ਸੇਵਾ-ਭਗਤੀ ਵਿਚ ਲੱਗੀਏ। ਹੇ ਨਾਨਕ! (ਆਖ—) ਹੇ ਪ੍ਰਭੂ! ਸਾਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਅਸੀਂ ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦੇ ਰਹੀਏ।4।2।